ਸਾਈਲੇਜ ਬੇਲਰ ਲਈ ਅਖਬਾਰਾਂ ਵਿੱਚ ਐਕਸਪਰੈਸ਼ਨ ਆਫ ਇੰਟਰਸਟ ਦੇਣ ਉਪਰੰਤ ਕਾਰਨੈਸਟ ਐਗਰੀ ਪ੍ਰੋਡਕਟ ਪ੍ਰਾਈਵੇਟ ਲਿਮਿਟਡ (ਹੈਦਰਾਬਾਦ), ਨਵ ਭਾਰਤ ਫਾਰਮਰਜ਼ ਪ੍ਰੋਡਿਊਸਰ ਕੰਪਨੀ ਲਿਮਿਟਡ (ਆਂਧਰਾਪ੍ਰਦੇਸ), ਮੈਸ. ਬਖਸ਼ੀਸ਼ ਇੰਡਸਟਰੀਜ਼ (ਬੱਸੀ ਪਠਾਣਾ), ਡਾਇਨਾਮਿਕ ਮਸ਼ੀਨਰੀ ਐਂਡ ਇਕਯੁਪਮੈਂਟ ਕੰਪਨੀ (ਲੁਧਿਆਣਾ), ਉਜਵਲਾ ਹਾਰਵੈਸਟਰ ਕਾਰਪੋਰੇਸ਼ਨ (ਆਂਧਰਾਪ੍ਰਦੇਸ਼) ਵਲੋਂ ਇਨਪੈਨਲਮੈਂਟ ਲਈ ਰੂਚੀ ਪ੍ਰਗਟ ਕੀਤੀ ਗਈ।

ਗਠਿਤ ਮਾਹਿਰਾਂ ਦੀ ਐਕਸਪਰਟ ਕਮੇਟੀ ਵਲੋਂ ਕੰਪਨੀਆਂ ਦੀ ਆਫਰਾਂ ਦਾ ਮੁਲਾਂਕਣ ਕੀਤਾ ਗਿਆ ਅਤੇ ਇਨ੍ਹਾਂ ਮਸ਼ੀਨਾਂ ਦਾ ਫੀਲਡ ਟਰਾਇਲ ਲਿਆ। ਜਿਸ ਉਪਰੰਤ ਤਿੰਨ ਹੀ ਕੰਪਨੀਆਂ ਮੈਸ. ਉਜਵਲਾ ਹਾਰਵੈਸਟਰ ਕਾਰਪੋਰੇਸ਼ਨ, ਡਾਇਨਾਮਿਕ ਮਸ਼ੀਨਰੀ ਅਤੇ ਇਕਯੁਪਮੈਂਟ ਅਤੇ ਮੈਸ. ਬਖਸ਼ੀਸ਼ ਇੰਡਸਟਰੀਜ਼ ਨੂੰ ਮਿਆਰਾਂ ਅਨੁਸਾਰ ਪਾਇਆ ਗਿਆ, ਜੋ ਕਿ 100 ਕਿਲੋ ਅਤੇ 500 ਕਿਲੋ ਦੀਆਂ ਗੱਠਾਂ ਬਣਾਉਂਦੀਆਂ ਹਨ। ਇਹ ਮਸ਼ੀਨ ਖਰੀਦਣ ਵਾਲੇ ਉੱਦਮੀ ਕਿਸਾਨ ਨੂੰ ਵੱਧ ਤੋਂ ਵੱਧ ਵਿੱਤੀ ਸਹਾਇਤਾ 5.60 ਲੱਖ ਰੁਪਏ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਵਿਭਾਗ ਦੀ ਹੈਲਪਲਾਈਨ 0172-5027285 ਤੇ ਸੰਪਰਕ ਕੀਤਾ ਜਾਵੇ।